VIGILANCE BUREAU, PUNJAB

# Vigilance Bureau exposes manipulation in revenue records to usurp land worth crores of rupees near Chandigarh

- Registers case against four revenue officials, seven private persons: BK Uppal
- Arrests four accused, court allows for three days remand, teams deputed to nab absconders

Chandigarh/S.A.S Nagar, May 9 : Cracking a whip against land mafia who took over the land worth crores of rupees in an illegal manner, Punjab Vigilance Bureau has exposed unscrupulous revenue officials, property dealers along with big fishes involved in manipulating revenue records to make huge profits from land belonging to S.A.S Nagar villages neighboring Chandigarh. In this regard, a criminal case has been registered at vigilance bureau police station SAS Nagar against four revenue officials and seven private persons. Out of these, four accused namely Iqbal Singh Patwari, Ravinder Singh, Paramjit Singh and Hansraj (all private persons) have been arrested and court has sent them on three days police remand.

Disclosing this here on Sunday, Vigilance Bureau Chief Director-cum-Director General Police B.K. Uppal said some property dealers and land mafias have manipulated the revenue records during the process of division/mutation of land in village Majrian, Sub Tehsil Majri, SAS Nagar in connivance with the revenue officials and transferred ownership in Khewat numbers vis-à-vis transferred land to known beneficiaries to make huge profits by using illegal ways through the power of attorney.

It is pertinent to mention here that earlier to this the Vigilance Bureau had also exposed a similar case pertaining to transfer of valuable land belonging to village Karoran in the same district in November 2020.

Giving more details, he said after investigation of revenue records of village Majrian, a case u/s 7 of the Prevention of Corruption Act and 409, 420, 465, 467, 468, 471, 477-A, 201, 120-B of IPC has been registered at Police Station Vigilance Bureau, Flying Squad-1, SAS Nagar. He revealed that the accused were identified as Naib Tehsildar Varinderpal Singh Dhoot, Joint Sub-Registrar Rupinder Singh Manku, Daulat Ram and Iqbal Singh (Both Patwari) besides seven private persons namely Shyam Lal and Hans Raj, both residents of village Majrian (Patti Guda), SAS Nagar, Rabbi Singh of village Karoran, S.A.S. Nagar, Dharam Pal from Amloh in Fatehgarh Sahib, Sucha Ram of village Kaimbala, UT Chandigarh, Paramjit Singh of

village Hardaspura, Patiala and Ravinder Singh village Sodha, Fatehgarh Sahib were found involved in this land scam.

During the investigation it has came to light that in the year 1983-1984, about 29,000 kanals of land were shown as 'shamlat' (common land) under Hasbat no. 343 out of the total area of village Majrian. In the year 1991, this land was transferred in the name of locals through mutation No. 2026 as per the orders of the consolidation officer. Out of this land, 7113 kanal land has been found to be distributed through mutation No. 3159. During the probe, it has came to fore that about 558 acres of land has been registered on the names of 14 fake persons by tampering with the mutation number 3159.

The land was later allotted in the year 2010-11 to Shyam Lal and Hansraj, both property dealers and land mafias, residents of village Majrian, SAS Nagar, Sucha Ram of village Kiambwala (Chandigarh), Rabbi Singh of village Karora, SAS Nagar and Dharampal resident of Amloh in connivance with the officials of revenue department such as Patwari Iqbal Singh, Naib Tehsildar Rupinder Manku etc., thereby they further sold the above land to others persons through the power of attorneys in 2010-11.

He further informed that 10 fake transfers of around 578 acres of land were found on 18.06.2014 and 19.06.2014 in just 2 days and original document under which transfers of land had been executed were destroyed from the records of the revenue department. The mutations of these bogus transfers have been verified by Patwari Daulat Ram and the then Naib Tehsildar Varinderpal Singh Dhoot. Through these illegal transfers, these lands were sold to the different persons through various land executions by Babu Ram, Ravinder Singh, Paramjit Singh, Shyam Lal, etc.

VB Chief Uppal said a fake division case for 43 persons were prepared and approved on 20.12.2017 with the collusion of Patwari Daulat Ram, Naib Tehsildar Varinderpal Singh Dhoot, and property dealers Shyam Lal resident of Guda Majri. It is worth mentioning here that no prior notice was given to any petitioner or respondent in this bogus division case, nor power of attorney of any lawyer is attached to the file. In this connection, a fake advertisement was used which was published in the newspaper on 14.04.2014.

After approval of this case Patwari Daulat Ram on the very next day of the division registered the mutation No. 4895 on 21.12.2017 which was approved by Naib Tehsildar Varinderpal Singh Dhoot on 27.12.2017. He said that further investigation in this case is underway and the no accused would be spared at any cost.

ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਵੱਲੋਂ ਚੰਡੀਗੜ ਨੇੜੇ ਬਹੁਕੀਮਤੀ ਜਮੀਨ ਦੇ ਮਾਲ ਰਿਕਾਰਡ 'ਚ ਹੇਰਾਫੇਰੀ ਕਰਨ ਦਾ ਪਰਦਾਫ਼ਾਸ਼

- ਚਾਰ ਮਾਲ ਅਧਿਕਾਰੀਆਂ ਤੇ ਸੱਤ ਪ੍ਰਾਈਵੇਟ ਵਿਅਕਤੀਆਂ ਵਿਰੁੱਧ ਫੌਜ਼ਦਾਰੀ ਮੁਕੱਦਮਾ ਦਰਜ : ਬੀ.ਕੇ. ਉੱਪਲ
- ਘਪਲੇ ਚ ਸ਼ਾਮਲ ਚਾਰ ਦੋਸ਼ੀ ਕੀਤੇ ਗ੍ਰਿਫ਼ਤਾਰ, ਤਿੰਨ ਦਿਨਾਂ ਦਾ ਲਿਆ ਪੁਲਿਸ ਰਿਮਾਂਡ, ਬਾਕੀਆਂ ਦੀ ਭਾਲ ਜਾਰੀ

ਚੰਡੀਗੜ੍ਹ/ਐਸ.ਏ.ਐਸ. ਨਗਰ 9 ਮਈ : ਪੰਜਾਬ ਵਿਜੀਲੈਂਸ ਬਿਊਰੋ ਨੇ ਚੰਡੀਗੜ੍ਹ ਨਾਲ ਲਗਦੇ ਐਸ.ਏ.ਐਸ. ਨਗਰ ਜਿਲੇ ਦੇ ਪਿੰਡਾਂ ਦੀ ਬਹੁਕੀਮਤੀ ਜਮੀਨ ਉਪਰ ਲੈਂਡਮਾਫੀਆ ਵੱਲੋ ਮਾਲ ਅਧਿਕਾਰੀਆਂ ਨਾਲ ਮਿਲੀਭੁਗਤ ਰਾਹੀਂ ਮਾਲ ਰਿਕਾਰਡ ਵਿੱਚ ਹੇਰਾਫੇਰੀ ਕਰਕੇ ਕਾਬਜ਼ ਹੋਣ ਜਾਂ ਮੁਨਾਫਾ ਖੱਟਣ ਲਈ ਕੀਤੇ ਵੱਡੇ ਘਪਲੇ ਦਾ ਪਰਦਾਫਾਸ਼ ਕੀਤਾ ਹੈ। ਇਸ ਸਬੰਧੀ ਚਾਰ ਮਾਲ ਅਧਿਕਾਰੀਆਂ ਸਮੇਤ ਸੱਤ ਪ੍ਰਾਈਵੇਟ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਚਾਰ ਦੋਸ਼ੀਆਂ ਇਕਬਾਲ ਸਿੰਘ ਪਟਵਾਰੀ ਸਮੇਤ ਪ੍ਰਾਈਵੇਟ ਵਿਅਕਤੀਆਂ ਵਿੱਚੋਂ ਰਵਿੰਦਰ ਸਿੰਘ, ਪਰਮਜੀਤ ਸਿੰਘ ਅਤੇ ਹੰਸਰਾਜ ਨੂੰ ਗ੍ਰਿਫਤਾਰ ਕਰਕੇ ਤਿੰਨ ਦਿਨਾਂ ਦਾ ਪੁਲਿਸ ਰਿਮਾਂਡ ਲੈ ਲਿਆ ਹੈ ਜਦਕਿ ਬਾਕੀ ਦੋਸ਼ੀਆਂ ਦੀ ਭਾਲ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ-ਕਮ-ਡੀ.ਜੀ.ਪੀ. ਸ੍ਰੀ ਬੀ.ਕੇ. ਉੱਪਲ ਨੇ ਦੱਸਿਆ ਕਿ ਪ੍ਰਾਪਰਟੀ ਡੀਲਰਾਂ ਅਤੇ ਭੂਮਾਫੀਆਂ ਨਾਲ ਜੁੜੇ ਕੁੱਝ ਵਿਅਕਤੀਆਂ ਨੇ ਪਿੰਡ ਮਾਜਰੀਆਂ, ਸਬ ਤਹਿਸੀਲ ਮਾਜਰੀ, ਜਿਲ੍ਹਾ ਐਸ.ਏ.ਐਸ ਨਗਰ ਦੀ ਜਮੀਨ ਦੇ ਤਕਸੀਮ ਦੇ ਇੰਤਕਾਲ ਮੌਕੇ ਮਾਲ ਅਧਿਕਾਰੀਆਂ ਨਾਲ ਮਿਲੀਭੁਗਤ ਰਾਹੀਂ ਮਾਲ ਰਿਕਾਰਡ ਵਿੱਚ ਹੇਰਾਫੇਰੀ ਕਰਕੇ ਖੇਵਟ ਨੰਬਰਾਂ ਵਿੱਚ ਮਲਕੀਅਤ ਤਬਦੀਲ ਕੀਤੀ ਗਈ ਅਤੇ ਗਲਤ ਮੁਖਤਿਆਰਨਾਮਿਆਂ ਰਾਹੀਂ ਆਮ ਲੋਕਾਂ ਦੇ ਨਾਮ ਤੇ ਤਬਦੀਲ ਕਰ ਦਿੱਤੀ ਗਈ ਤਾਂ ਜੋ ਵੱਡਾ ਮੁਨਾਫ਼ਾ ਖੱਟਿਆ ਜਾ ਸਕੇ। ਉਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਨਵੰਬਰ 2020 ਵਿੱਚ ਵਿਜੀਲੈਂਸ ਬਿਊਰੋ ਨੇ ਇਸੇ ਇਲਾਕੇ ਵਿੱਚ ਸਥਿਤ ਪਿੰਡ ਕਰੋਰਾਂ ਦੀ ਬਹੁਕੀਮਤੀ ਜਮੀਨ ਨੂੰ ਅਜਿਹੀ ਮਿਲੀਭੁਗਤ ਰਾਹੀਂ ਮਲਕੀਅਤ ਤਬਦੀਲ ਕਰਕੇ ਅੱਗੇ ਵੇਚੇ ਜਾਣ ਦਾ ਪਰਦਾਫ਼ਾਸ਼ ਕੀਤਾ ਸੀ।

ਹੋਰ ਵੇਰਵੇ ਦਿੰਦਿਆਂ ਉਨਾਂ ਦੱਸਿਆ ਕਿ ਪਿੰਡ ਮਾਜਰੀਆਂ ਦੇ ਮਾਲ ਰਿਕਾਰਡ ਦੀ ਪੜਤਾਲ ਤੋ ਬਾਅਦ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, ਅਤੇ ਆਈ.ਪੀ.ਸੀ. ਦੀਆਂ ਧਾਰਾਵਾਂ 409, 420, 465, 467, 468, 471, 477-ਏ, 201, 120-ਬੀ ਤਹਿਤ ਥਾਣਾ ਵਿਜੀਲੈਂਸ ਬਿਊਰੋ, ਉਡਣ ਦਸਤਾ-1, ਪੰਜਾਬ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ ਜਿੰਨਾਂ ਵਿੱਚ ਦੋਸ਼ੀਆਂ ਵਜੋਂ ਵਰਿੰਦਰਪਾਲ ਸਿੰਘ ਧੂਤ ਨਾਇਬ ਤਹਿਸੀਲਦਾਰ, ਰੁਪਿੰਦਰ ਸਿੰਘ ਮਣਕੂ ਜੁਆਇੰਟ ਸਬ-ਰਜਿਸਟਰਾਰ, ਦੌਲਤ ਰਾਮ ਤੇ

ਇਕਬਾਲ ਸਿੰਘ (ਦੋਵੇਂ ਮਾਲ ਪਟਵਾਰੀ), ਸ਼ਿਆਮ ਲਾਲ ਤੇ ਹੰਸ ਰਾਜ ਦੋਵੇਂ ਵਾਸੀ ਪਿੰਡ ਮਾਜਰੀਆਂ (ਪੱਤੀ ਗੂੜਾ) ਜਿਲਾ ਐਸ.ਏ.ਐਸ. ਨਗਰ, ਰੱਬੀ ਸਿੰਘ ਵਾਸੀ ਪਿੰਡ ਕਰੋਰਾਂ, ਜਿਲਾ ਐਸ.ਏ.ਐਸ. ਨਗਰ, ਧਰਮ ਪਾਲ ਵਾਸੀ ਅਮਲੋਹ ਜਿਲ੍ਹਾ ਫਹਿਤਗੜ੍ਹ ਸਾਹਿਬ, ਸੁੱਚਾ ਰਾਮ ਵਾਸੀ ਪਿੰਡ ਕੈਂਬਾਲਾ, ਯੂ.ਟੀ. ਚੰਡੀਗੜ੍ਹ, ਪਰਮਜੀਤ ਸਿੰਘ ਵਾਸੀ ਪਿੰਡ ਹਰਦਾਸਪੁਰਾ, ਜਿਲਾ ਪਟਿਆਲਾ, ਰਵਿੰਦਰ ਸਿੰਘ ਪਿੰਡ ਸੌਂਢਾ ਜਿਲਾ ਫਤਿਹਗੜ੍ਹ ਸਾਹਿਬ ਸ਼ਾਮਲ ਹਨ।

ਸ੍ਰੀ ਬੀ.ਕੇ. ਉੱਪਲ ਨੇ ਦੱਸਿਆ ਕਿ ਪੜਤਾਲ ਦੌਰਾਨ ਸਾਹਮਣੇ ਆਇਆ ਕਿ ਪਿੰਡ ਮਾਜਰੀਆਂ ਹਸਬਸਤ ਨੰਬਰ 343 ਦੇ ਮਾਲ ਰਿਕਾਰਡ ਦੀ ਜਮ੍ਹਾਬੰਦੀ ਸਾਲ 1983-1984 ਵਿੱਚ ਪਿੰਡ ਮਾਜਰੀਆਂ ਦੇ ਕੁੱਲ ਰਕਬੇ ਵਿੱਚੋਂ ਤਕਰੀਬਨ 29,000 ਕਨਾਲ ਜਮੀਨ ਸ਼ਾਮਲਾਤ ਦਰਸਾਈ ਗਈ ਸੀ। ਸਾਲ 1991 ਵਿੱਚ ਇਹ ਜਮੀਨ ਚੱਕਬੰਦੀ ਅਫਸਰ ਦੇ ਹੁਕਮਾਂ ਅਨੁਸਾਰ ਇੰਤਕਾਲ ਨੰਬਰ 2026 ਮਿਤੀ 07.05.1991 ਰਾਹੀਂ ਇਸ ਦੀ ਮਲਕੀਅਤ ਆਮ ਲੋਕਾਂ ਦੇ ਨਾਮ ਤੇ ਤਬਦੀਲ ਕੀਤੀ ਗਈ। ਇਸ ਜਮੀਨ ਵਿੱਚੋਂ 7113 ਕਨਾਲ ਰਕਬੇ ਦੀ ਤਕਸੀਮ ਇੰਤਕਾਲ ਨੰਬਰ 3159, ਮਿਤੀ 21.05.2004 ਰਾਹੀਂ ਕੀਤੀ ਜਾਣੀ ਪਾਈ ਗਈ ਹੈ। ਜਾਂਚ ਦੌਰਾਨ ਪਾਇਆ ਗਿਆ ਹੈ ਕਿ ਉਕਤ ਤਕਸੀਮ ਦੇ ਇੰਤਕਾਲ ਨੰਬਰ 3159 ਵਿੱਚ ਛੇੜਛਾੜ ਕਰਕੇ 14 ਵਿਅਕਤੀਆਂ ਦੇ ਨਾਮ ਫਰਜੀ ਦਰਜ ਕੀਤੇ ਅਤੇ ਉਹਨਾ ਦੇ ਨਾਵਾਂ ਉਪਰ ਤਕਰੀਬਨ 558 ਏਕੜ ਜਮੀਨ ਲਗਾਈ ਗਈ ਹੈ। ਅੱਗੋਂ ਇਸ ਜਮੀਨ ਨੂੰ ਸਾਲ 2010-11 ਵਿੱਚ ਪ੍ਰਾਪਰਟੀ ਡੀਲਰ ਅਤੇ ਭੂ ਮਾਫੀਆਂ ਦਾ ਕੰਮ ਕਰਨ ਵਾਲੇ ਦੋਸ਼ੀ ਸ਼ਿਆਮ ਲਾਲ ਤੇ ਹੰਸਰਾਜ ਦੋਵੇਂ ਵਾਸੀ ਪਿੰਡ ਮਾਜਰੀਆਂ, ਜਿਲ੍ਹਾ ਐਸ.ਏ.ਐਸ. ਨਗਰ, ਸੁੱਚਾ ਰਾਮ ਵਾਸੀ ਕੈਂਬਵਾਲਾ (ਚੰਡੀਗੜ੍ਹ), ਰੱਬੀ ਸਿੰਘ ਵਾਸੀ ਪਿੰਡ ਕਰੋਰਾ, ਐਸ.ਏ.ਐਸ ਨਗਰ ਅਤੇ ਧਰਮਪਾਲ ਵਾਸੀ ਅਮਲੋਹ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ, ਜਿਹਨਾ ਵਿੱਚ ਇਕਬਾਲ ਸਿੰਘ ਪਟਵਾਰੀ, ਨਾਇਬ ਤਹਿਸੀਲਦਾਰ ਰੁਪਿੰਦਰ ਮਣਕੂ ਆਦਿ ਸ਼ਾਮਲ ਸਨ, ਦੀ ਮੱਦਦ ਨਾਲ ਸਾਲ 2010-2011 ਵਿੱਚ ਆਪਣੇ ਨਾਵਾਂ ਪਰ ਮੁਖਤਿਆਰੇ ਆਮ ਬਣਾਏ ਗਏ ਅਤੇ ਇਨ੍ਹਾਂ ਮੁਖਤਿਆਰਨਾਮਿਆਂ ਰਾਹੀਂ ਉਪਰੋਕਤ ਜਮੀਨ ਆਮ ਵਿਅਕਤੀਆਂ ਨੂੰ ਵੇਚ ਦਿੱਤੀ ਗਈ।

ਉਨਾਂ ਇਹ ਵੀ ਦੱਸਿਆ ਕਿ ਇਸ ਤੋ ਇਲਾਵਾ ਮਿਤੀ 18.06.2014 ਅਤੇ ਮਿਤੀ 19.06.2014 ਨੂੰ ਕੇਵਲ 2 ਦਿਨਾਂ ਵਿੱਚ ਹੀ ਤਕਰੀਬਨ 578 ਏਕੜ ਜਮੀਨ ਦੇ 10 ਤਬਾਦਲੇ ਫਰਜੀ ਕੀਤੇ ਜਾਣੇ ਪਾਏ ਗਏ ਜਿਹਨਾ ਦੇ ਸਹਿ ਦਸਤਾਵੇਜ਼ਾਂ ਦੀ ਪੜਤ ਪਟਵਾਰ ਅਤੇ ਪੜਤ ਸਰਕਾਰ ਨਾਲ ਇਹ ਦਸਤਾਵੇਜ਼, ਜਿਹਨਾ ਦੇ ਆਧਾਰ ਤੇ ਇਹ ਤਬਾਦਲੇ ਕੀਤੇ ਗਏ ਸਨ, ਮਾਲ ਵਿਭਾਗ ਦੇ ਰਿਕਾਰਡ ਵਿੱਚੋਂ ਖੁਰਦ-ਬੁਰਦ ਕਰ ਦਿੱਤੇ ਗਏ। ਇਹਨਾ ਫਰਜੀ ਤਬਾਦਲਿਆਂ ਦੇ ਇੰਤਕਾਲ ਪਟਵਾਰੀ ਦੋਲਤ ਰਾਮ ਅਤੇ ਉਸ ਵਕਤ ਦੇ ਨਾਇਬ ਤਹਿਸੀਲਦਾਰ ਵਰਿੰਦਰਪਾਲ ਸਿੰਘ ਧੂਤ ਵੱਲੋ ਤਸਦੀਕ ਕੀਤੇ ਗਏ ਹਨ। ਇਹਨਾ ਤਬਾਦਲਿਆਂ ਰਾਹੀਂ ਫਰਜੀ ਮਲਕੀਅਤਾਂ ਬਣਾਕੇ ਬਨਾਰਸੀ ਪੁੱਤਰ ਬਾਬੂ ਰਾਮ, ਰਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ, ਪਰਮਜੀਤ ਸਿੰਘ ਪੁੱਤਰ ਪਾਲ ਸਿੰਘ, ਸ਼ਿਆਮ ਲਾਲ ਪੁੱਤਰ ਕਾਲੂ ਰਾਮ ਆਦਿ ਵਲੋ ਆਮ ਵਿਅਕਤੀਆਂ ਨੂੰ ਇਹ ਜਮੀਨਾਂ ਵੱਖ ਵੱਖ ਵਸੀਕਿਆਂ ਰਾਹੀਂ ਵੇਚ ਦਿੱਤੀਆਂ ਗਈਆਂ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਦੱਸਿਆ ਕਿ ਉਪਰੋਕਤ ਤੋ ਇਲਾਵਾ 43 ਵਿਅਕਤੀਆਂ ਦਾ ਫਰਜੀ ਤਕਸੀਮ ਕੇਸ ਤਿਆਰ ਕਰਕੇ ਉਸਦਾ ਫੈਸਲਾ ਦੌਲਤ ਰਾਮ ਪਟਵਾਰੀ, ਵਰਿੰਦਰਪਾਲ ਸਿੰਘ ਧੂਤ, ਨਾਇਬ ਤਹਿਸੀਲਦਾਰ ਅਤੇ ਪ੍ਰਾਪਰਟੀ ਡੀਲਰ ਅਤੇ ਭੂਮੀ ਮਾਫੀਆਂ ਸ਼ਿਆਮ ਲਾਲ ਵਾਸੀ ਗੂੜਾ ਮਾਜਰੀਆਂ ਦੀ ਮਿਲੀ ਭੁਗਤ ਨਾਲ ਮਿਤੀ 20.12.2017 ਨੂੰ ਮੰਨਜੂਰ ਕੀਤਾ ਜਾਣਾ ਪਾਇਆ ਗਿਆ ਹੈ। ਇਸ ਫਰਜੀ ਤਕਸੀਮ ਕੇਸ ਵਿੱਚ ਕਿਸੇ ਵੀ ਪਟੀਸ਼ਨਰ ਜਾਂ ਰਿਸਪੋਡੈਂਟ ਨੂੰ ਕੋਈ ਇਤਲਾਹ ਨਹੀਂ ਕਰਵਾਈ ਗਈ, ਨਾ ਹੀ ਕਿਸੇ ਵਕੀਲ ਦਾ ਵਕਾਲਤਨਾਮਾ ਨੱਥੀ ਕੀਤਾ ਗਿਆ ਅਤੇ ਅਖਬਾਰ ਵਿੱਚ ਮਿਤੀ 14.04.2014 ਨੂੰ ਛੱਪੇ ਇੱਕ ਫਰਜੀ ਇਸ਼ਤਿਹਾਰ ਦੀ ਵਰਤੋਂ ਕੀਤੀ ਗਈ ਹੈ। ਇਸ ਦੇ ਬਾਵਜੂਦ ਇਸ ਤਕਸੀਮ ਸਬੰਧੀ ਇੰਤਕਾਲ ਨੰਬਰ 4895 ਮਿਤੀ 21.12.2017 ਨੂੰ ਫੈਸਲੇ ਦੇ ਅਗਲੇ ਦਿਨ ਹੀ ਦੌਲਤ ਰਾਮ ਪਟਵਾਰੀ ਵੱਲੋ ਦਰਜ ਕਰ ਦਿੱਤਾ ਗਿਆ ਹੈ ਜਿਸ ਨੂੰ ਮਿਤੀ 27.12.2017 ਨੂੰ ਨਾਇਬ ਤਹਿਸੀਲਦਾਰ ਵਰਿੰਦਰਪਾਲ ਸਿੰਘ ਧੂਤ ਵੱਲੋ ਮੰਨਜੂਰ ਕੀਤਾ ਗਿਆ। ਉਨਾਂ ਦੱਸਿਆ ਕਿ ਇਸ ਮਾਮਲੇ ਵਿੱਚ ਹੋਰ ਤਫ਼ਤੀਸ਼ ਜਾਰੀ ਹੈ ਅਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ ਤੇ ਨਹੀਂ ਬਖਸ਼ਿਆ ਜਾਵੇਗਾ।

---------